# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :16-07-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ, 22 ਹਜ਼ਾਰ 640 ਕਰੋੜ ਰੁਪਏ ਦੇ ਵੱਖ-ਵੱਖ ਪ੍ਰੋਜੈਕਟ, ਰਾਸ਼ਟਰ ਨੂੰ ਸਮਰਪਿਤ ਕਰਨਗੇ ਤੇ ਨੀਂਹ ਪੱਥਰ ਰਖਣਗੇ।

- ਪ੍ਰਧਾਨ ਮੰਤਰੀ ਦੀ ਸੁਰੱਖਿਆ ਦੇ ਮੱਦੇਨਜ਼ਰ ਕੱਲ ਨੂੰ ਜ਼ਿਲ੍ਹਾ ਜਲੰਧਰ ਵਿਖੇ 'ਨੋ ਫਲਾਇੰਗ ਜ਼ੋਨ' ਐਲਾਨਿਆ।

- ਰਾਸ਼ਟਰੀ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਵਿਜਯਾ ਕਿਸ਼ੋਰ ਰਹਾਟਕਰ ਵਲੋਂ ਅੱਜ ਬਠਿੰਡਾ ਵਿਖੇ ਪ੍ਰਸ਼ਾਸਨਿਕ ਅਧਿਕਾਰੀਆਂ

ਨਾਲ ਮੀਟਿੰਗ-ਮਹਿਲਾਵਾਂ ਨਾਲ ਸੰਬੰਧਿਤ ਮਾਮਲਿਆਂ ਬਾਰੇ ਦਿਤੇ ਨਿਰਦੇਸ਼।

- ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ -ਮਾਨਸੂਨ ਦੇ ਮੱਦੇਨਜ਼ਰ ਸਰਕਾਰ ਤੇ ਪ੍ਰਸ਼ਾਸਨ ਪੂਰੀ ਤਰ੍ਹਾਂ ਸੁਚੇਤ-ਹੜ੍ਹ ਰੋਕਥਾਮ ਦੇ ਸਾਰੇ ਜ਼ਰੂਰੀ ਪ੍ਰਬੰਧ ਮੁਕੰਮਲ ਹੋਏ।

- ਮਹਾਰਾਜਾ ਰਣਜੀਤ ਸਿੰਘ ਪ੍ਰੈਪਰੇਟਰੀ ਇੰਸਟੀਚਿਊਟ ਮੋਹਾਲੀ ਦੇ 25 ਕੈਡਿਟ, ਪਿਛਲੇ ਤਿੰਨ ਮਹੀਨਿਆਂ ਵਿੱਚ ਰੱਖਿਆ ਸਿਖਲਾਈ ਅਕਾਦਮੀਆਂ ਵਿੱਚ ਚੁਣੇ ਗਏ। ਅਤੇ

- ਭਾਰਤ ਅਤੇ ਇੰਗਲੈਂਡ ਵਿਚਕਾਰ ਤਿੰਨ ਇੱਕ ਰੋਜ਼ਾ ਅੰਤਰ-ਰਾਸ਼ਟਰੀ ਮੈਚਾਂ ਦੀ ਲੜੀ ਦਾ ਦੂਜਾ ਮੈਚ ਅੱਜ ਕਾਰਡਿਫ ਦੇ ਸੋਫੀਆ ਗਾਰਡਨਜ਼ ਵਿਖੇ ਖੇਡਿਆ ਜਾ ਰਿਹਾ ਏ।

***ਹੁਣ ਖਬਰਾਂ ਵਿਸਥਾਰ ਨਾਲ***

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ 17 ਜੁਲਾਈ ਨੂੰ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ 22 ਹਜ਼ਾਰ 640 ਕਰੋੜ ਰੁਪਏ ਦੇ ਵੱਖ-ਵੱਖ ਪ੍ਰੋਜੈਕਟ ਰਾਸ਼ਟਰ ਨੂੰ ਸਮਰਪਿਤ ਕਰਨਗੇ ਤੇ ਨੀਂਹ ਪੱਥਰ

ਰਖਣਗੇ । ਹਰਿਆਣਾ ਦੇ ਜੀਂਦ ਅਤੇ ਚੰਡੀਗੜ੍ਹ ਵਿੱਚ ਪ੍ਰੋਜੈਕਟਾਂ ਨੂੰ ਸਮਰਪਿਤ ਕਰਨ ਤੋਂ ਬਾਅਦ, ਪ੍ਰਧਾਨ ਮੰਤਰੀ ਕੱਲ੍ਹ ਦੁਪਹਿਰ ਬਾਅਦ ਜਲੰਧਰ ਪਹੁੰਚਣਗੇ ਜਿੱਥੇ ਉਹ 5 ਹਜ਼ਾਰ 470 ਕਰੋੜ ਰੁਪਏ ਤੋਂ ਵੱਧ ਦੇ ਰੇਲ ਅਤੇ ਸੜ੍ਹਕ ਬੁਨਿਆਦੀ ਢਾਂਚਾ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਣਗੇ। ਇਨ੍ਹਾਂ ਪ੍ਰੋਜੈਕਟਾਂ ਦਾ ਉਦੇਸ਼ ਸੰਪਰਕ ਨੂੰ ਮਜ਼ਬੂਤ ਕਰਨਾ, ਮੁਸਾਫ਼ਿਰਾਂ ਦੀ ਸਹੂਲਤ ਵਿੱਚ ਸੁਧਾਰ ਕਰਨਾ ਅਤੇ ਖੇਤਰ ਵਿੱਚ ਆਰਥਿਕ ਵਿਕਾਸ ਨੂੰ ਤੇਜ਼ ਕਰਨਾ ਏ ।

ਹੋਰ ਵੇਰਵੇ ਨਾਲ ਇਕ ਰਿਪੋਰਟ :RNU160726

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਜਲੰਧਰ ਛਾਉਣੀ ਸਟੇਸ਼ਨ ਦਾ ਉਦਘਾਟਨ ਕਰਨ ਤੋਂ ਬਾਅਦ ਜਲੰਧਰ ਤੋਂ 20 ਰਾਜਾਂ ਦੇ 74 ਪੁਨਰ ਵਿਕਸਤ ਰੇਲਵੇ ਸਟੇਸ਼ਨਾਂ ਦਾ ਵਰਚੁਅਲ ਉਦਘਾਟਨ ਕਰਨਗੇ। ਇਹ ਸਟੇਸ਼ਨ ਦੁਨੀਆ ਦੇ ਸਭ ਤੋਂ ਵੱਡੇ ਸਟੇਸ਼ਨ ਪੁਨਰ ਵਿਕਾਸ ਪ੍ਰੋਗਰਾਮਾਂ ਵਿੱਚੋਂ ਇੱਕ, ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਦੇ ਤਹਿਤ ਵਿਕਸਤ ਕੀਤੇ ਗਏ ਹਨ, ਤੇ ਸਥਾਨਕ ਸੱਭਿਆਚਾਰ ਅਤੇ ਵਿਰਾਸਤ ਨਾਲ ਜੁੜੇ ਆਧੁਨਿਕ ਸੁਵਿਧਾਵਾਂ ਨਾਲ ਲੈਸ ਹਨ। ਇਹ 'ਵਿਰਾਸਤ ਵੀ, ਵਿਕਾਸ ਵੀ' ਦੀ ਸੋਚ ਨਾਲ ਬਣਾਏ ਗਏ ਹਨ। ਪ੍ਰਧਾਨ ਮੰਤਰੀ ਜਲੰਧਰ ਛਾਉਣੀ ਰੇਲਵੇ ਸਟੇਸ਼ਨ ਤੋਂ ਸੰਤ ਰਵਿਦਾਸ ਐਕਸਪ੍ਰੈਸ ਨੂੰ ਵੀ ਹਰੀ ਝੰਡੀ ਦਿਖਾਉਣਗੇ। ਇਹ ਭਾਰਤ ਦੇ ਦੋ ਸਭ ਤੋਂ ਸਤਿਕਾਰਤ ਧਾਰਮਿਕ ਅਤੇ ਸੱਭਿਆਚਾਰਕ ਕੇਂਦਰ, ਅੰਮ੍ਰਿਤਸਰ ਅਤੇ ਵਾਰਾਣਸੀ ਨੂੰ ਜੋੜਨ ਵਾਲੀ ਪਹਿਲੀ ਸਿੱਧੀ AC ਰੇਲਗੱਡੀ ਏ । ਵਾਰਾਣਸੀ ਵਿੱਚ ਸੀਰ ਗੋਵਰਧਨਪੁਰ ਸੰਤ ਰਵਿਦਾਸ ਜੀ ਦਾ ਜਨਮ ਸਥਾਨ ਹੈ। ਪ੍ਰਧਾਨ ਮੰਤਰੀ ਨੰਗਲ ਡੈਮ-ਤਲਵਾੜਾ-ਮੁਕੇਰੀਆਂ-ਨਵੀਂ ਰੇਲ ਲਾਈਨ ਪ੍ਰੋਜੈਕਟ ਦੇ ਹਿੱਸੇ ਵਜੋਂ ਦੌਲਤਪੁਰ ਚੌਕ-ਕਰਟੋਲੀ ਨਵੀਂ ਰੇਲ ਲਾਈਨ ਦਾ ਉਦਘਾਟਨ ਵੀ ਕਰਨਗੇ ਅਤੇ ਕਰਟੋਲੀ-ਅੰਬਾਲਾ ਰੇਲ ਸੇਵਾ ਨੂੰ ਵੀ ਹਰੀ ਝੰਡੀ ਦਿਖਾਉਣਗੇ, ਜੋ ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਵਿਚਕਾਰ ਰੇਲ ਸੰਪਰਕ ਨੂੰ ਮਹੱਤਵਪੂਰਨ ਤੌਰ 'ਤੇ ਮਜ਼ਬੂਤ ਕਰੇਗੀ। ਨਵੀਂ ਰੇਲ ਲਾਈਨ ਸ਼੍ਰੀ ਆਨੰਦਪੁਰ ਸਾਹਿਬ ਅਤੇ ਮਾਂ ਚਿੰਤਪੂਰਨੀ ਮੰਦਿਰ ਵਰਗੇ ਮਹੱਤਵਪੂਰਨ ਧਾਰਮਿਕ ਸਥਾਨਾਂ ਨੂੰ ਸੰਪਰਕ ਪ੍ਰਦਾਨ ਕਰੇਗੀ, ਜਦੋਂ ਕਿ ਯਾਤਰੀਆਂ ਨੂੰ ਆਵਾਜਾਈ ਦਾ ਤੇਜ਼, ਸੁਰੱਖਿਅਤ ਅਤੇ ਵਧੇਰੇ ਭਰੋਸੇਮੰਦ ਸਾਧਨ ਪ੍ਰਦਾਨ ਕਰਕੇ ਦੂਰ-ਦੁਰਾਡੇ ਖੇਤਰਾਂ ਤੱਕ ਪਹੁੰਚ ਵਧਾਏਗੀ। ਰਾਜ ਵਿੱਚ ਸੜਕੀ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਦੇ ਹੋਏ, ਪ੍ਰਧਾਨ ਮੰਤਰੀ 30 ਕਿਲੋਮੀਟਰ to vadh ਲੰਬੇ ਚਾਰ-ਲੇਨ ਵਾਲੇ ਗ੍ਰੀਨਫੀਲਡ ਦਿੱਲੀ-ਅੰਮ੍ਰਿਤਸਰ-ਕਟੜਾ ਐਕਸਪ੍ਰੈਸਵੇਅ ਸਮੇਤ ਰਾਸ਼ਟਰੀ ਰਾਜਮਾਰਗ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ ਅਤੇ 25 ਕਿਲੋਮੀਟਰ ਤੋਂ ਵੱਧ ਲੰਬੇ ਛੇ-ਲੇਨ ਵਾਲੇ ਗ੍ਰੀਨਫੀਲਡ ਦੱਖਣੀ ਲੁਧਿਆਣਾ ਬਾਈਪਾਸ da ਨੀਂਹ ਪੱਥਰ

ਰੱਖਣਗੇ। ਪ੍ਰਧਾਨ ਮੰਤਰੀ ਚੰਡੀਗੜ੍ਹ ਵਿਚ ਸੜਕੀ ਬੁਨਿਆਦੀ ਢਾਂਚੇ ਤੋਂ ਇਲਾਵਾ ਪੀਜੀਆਈ ਅਤੇ ਹੋਰ ਵਿਦਿਆਕ ਸੰਸਥਾਵਾਂ ਵਿੱਚ 4,700 ਕਰੋੜ ਰੁਪਏ ਤੋਂ ਵੱਧ ਦੇ ਸਿਹਤ ਸੰਭਾਲ ਦੇ ਕਈ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਵੀ ਰੱਖਣਗੇ। ਰਾਜੇਸ਼ ਬਾਲੀ, ਆਕਾਸ਼ਵਾਣੀ ਖ਼ਬਰਾਂ, ਜਲੰਧਰ

---------------------------------------------------------------

ਏਧਰ ਪ੍ਰਧਾਨ ਮੰਤਰੀ ਨਰੇਂਦਰ ਦੇ ਦੌਰੇ ਦੌਰਾਨ ਸੁਰੱਖਿਆ ਦੇ ਮੱਦੇਨਜ਼ਰ ਕੱਲ ਨੂੰ ਜ਼ਿਲ੍ਹਾ ਜਲੰਧਰ ਵਿਖੇ 'ਨੋ ਫਲਾਇੰਗ ਜ਼ੋਨ' ਐਲਾਨਿਆ ਗਿਆ ਏ। ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਅਮਨਿੰਦਰ ਕੌਰ ਵਲੋਂ ਜਾਰੀ ਹੁਕਮਾਂ ਮੁਤਾਬਿਕ ਜ਼ਿਲ੍ਹਾ ਜਲੰਧਰ ਦੀ ਹੱਦ ਅੰਦਰ ਕਿਸੇ ਵੀ ਕਿਸਮ ਦਾ ਸਿਵਲ ਰਿਮੋਰਟ, ਪਾਇਲਟ ਏਅਰ ਕਰਾਫ਼ਟ ਸਿਸਟਮ, ਡਰੋਨ, ਅਤੇ ਪ੍ਰਧਾਨ ਮੰਤਰੀ ਦੇ ਵੀ.ਵੀ.ਆਈ.ਪੀ.ਹੈਲੀਕੋਪਟਰ ਤੋਂ ਇਲਾਵਾ ਹੋਰ ਕਿਸੇ ਹੈਲੀਕੋਪਟਰ ਨੂੰ ਉਡਾਉਣ 'ਤੇ ਪਾਬੰਦੀ ਰਹੇਗੀ। ਇਹ ਹੁਕਮ ਕੱਲ ਦੁਪਹਿਰ 12 ਵਜੇ ਤੋਂ ਸ਼ਾਮ 8 ਵਜੇ ਤੱਕ ਲਾਗੂ ਰਹਿਣਗੇ।

---------------------------------------------------------------

ਰਾਸ਼ਟਰੀ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਵਿਜਯਾ ਕਿਸ਼ੋਰ ਰਹਾਟਕਰ ਆਪਣੇ ਪੰਜਾਬ ਦੌਰੇ ਦੌਰਾਨ ਅੱਜ ਬਠਿੰਡਾ ਪਹੁੰਚੇ । ਉਹਨਾਂ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਮਹਿਲਾਵਾਂ ਦੇ ਨਾਲ ਸੰਬੰਧਿਤ ਮਾਮਲਿਆਂ 'ਤੇ ਗੱਲਬਾਤ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਹਨਾਂ ਦੱਸਿਆ ਕਿ ਉਹ ਦੇਸ਼ ਭਰ ਵਿੱਚ ਵੱਖ-ਵੱਖ ਸੂਬਿਆਂ

'ਚ ਜਾ ਕੇ ਮਹਿਲਾਵਾਂ ਦੀਆਂ ਸਮੱਸਿਆਵਾਂ ਸੁਣ ਰਹੇ ਨੇ। ਇਸ ਦੌਰਾਨ ਉਹਨਾਂ ਕਿਹਾ ਕਿ ਪੰਜਾਬ ਤੋਂ ਰਾਸ਼ਟਰੀ ਮਹਿਲਾ ਕਮਿਸ਼ਨ  ਕੋਲ ਹਰ ਸਾਲ 1 ਲੱਖ ਤੋਂ ਜਿਆਦਾ ਸ਼ਿਕਾਇਤਾਂ ਪਹੁੰਚਦੀਆਂ ਨੇ।  ਉਹਨਾਂ ਕਿਹਾ ਕਿ ਇਹਨਾਂ ਸ਼ਿਕਾਇਤਾਂ ਵਿੱਚ ਜਿਆਦਾਤਰ ਸ਼ਿਕਾਇਤਾਂ ਨਸ਼ੇ ਕਾਰਨ ਘਰਾਂ ਵਿੱਚ ਪੈ ਰਹੀ ਫੁੱਟ ਦੀਆਂ ਹੁੰਦੀਆਂ ਨੇ। ਇਸ ਤੋਂ ਇਲਾਵਾ ਘਰੇਲੂ ਲੜਾਈ ਝਗੜੇ ਅਤੇ ਜਬਰ ਜਿਨਾਹ ਦੇ ਮਾਮਲੇ ਵੀ ਵੱਡੀ ਗਿਣਤੀ ਵਿੱਚ ਆ ਰਹੇ ਨੇ। ਸ਼੍ਰੀਮਤੀ ਰਾਹਟਕਰ ਨੇ ਦੱਸਿਆ ਕਿ ਅੱਜ ਬਠਿੰਡਾ ਵਿੱਚ 20 ਮਾਮਲਿਆਂ ਦੀ ਸੁਣਵਾਈ ਕੀਤੀ ਗਈ।

BYTE

ਇਹਨਾਂ ਵਿੱਚੋਂ ਇੱਕ ਪੋਸਕੋ ਐਕਟ ਨਾਲ ਸੰਬੰਧਿਤ ਸੀ ਜਿਸ ਬਾਰੇ ਉਹਨਾਂ  ਐਸ ਐਸ ਪੀ ਬਠਿੰਡਾ ਨੂੰ ਤੁਰੰਤ ਕਾਰਵਾਈ ਕਰਨ ਦੇ ਹੁਕਮ ਦਿੱਤੇ ਨੇ। ਇਸ 'ਤੇ ਬਠਿੰਡਾ ਪੁਲਿਸ ਨੇ ਮਾਮਲਾ ਦਰਜ ਕਰ ਲਿਆ ਏ ਅਤੇ ਐਸਐਸਪੀ ਨੇ ਭਰੋਸਾ ਦਵਾਇਆ ਕਿ ਜਲਦੀ ਹੀ ਮੁਲਜ਼ਮਾਂ ਨੂੰ ਫੜ ਲਿਆ ਜਾਵੇਗਾ

---------------------------------------------------------

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਏ ਕਿ ਮਾਨਸੂਨ ਦੇ ਮੱਦੇਨਜ਼ਰ ਸਰਕਾਰ ਤੇ ਪ੍ਰਸ਼ਾਸਨ ਪੂਰੀ ਤਰ੍ਹਾਂ ਸੁਚੇਤ ਨੇ

ਅਤੇ ਵਿਭਾਗੀ ਤਾਲਮੇਲ ਨਾਲ ਹੜ੍ਹ ਰੋਕਥਾਮ ਦੇ ਸਾਰੇ ਜ਼ਰੂਰੀ ਪ੍ਰਬੰਧ ਕੀਤੇ ਗਏ ਨੇ । ਇਸ ਲਈ ਲੋਕਾਂ ਨੂੰ ਮਾਨਸੂਨ ਦੇ ਮੌਸਮ ਦੌਰਾਨ ਹੜ੍ਹਾਂ ਬਾਰੇ ਚਿੰਤਾ ਕਰਨ ਦੀ ਲੋੜ ਨਹੀਂ ਏ ।   ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸਿਹਤ ਵਿਭਾਗ ਨੇ ਡੇਂਗੂ ਅਤੇ ਹੋਰ ਬਿਮਾਰੀਆਂ ਦੀ ਰੋਕਥਾਮ ਬਾਰੇ ਜਾਗਰੂਕਤਾ ਪੈਦਾ ਕੀਤੀ ਏ । ਪਟਿਆਲਾ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ ਸਿਹਤ ਮੰਤਰੀ ਨੇ ਹੜ੍ਹ ਸੁਰੱਖਿਆ ਦੀਆਂ ਤਿਆਰੀਆਂ ਬਾਰੇ ਜਾਣਕਾਰੀ ਦਿੰਦਿਆਂ  ਕਿਹਾ ਕਿ ਘੱਗਰ ਸਮੇਤ ਵੱਡੀ ਨਦੀ ਅਤੇ ਹੋਰ ਨਦੀਆਂ ਅਤੇ ਨਾਲਿਆਂ 'ਤੇ ਹਰ ਪਲ ਨਜ਼ਰ ਰੱਖੀ ਜਾ ਰਹੀ ਏ , ਜਿਸ ਕਾਰਨ ਲੋਕਾਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ ਏ ਕਿਉਂਕਿ ਜ਼ਿਲ੍ਹਾ ਪ੍ਰਸ਼ਾਸਨ ਸਮੇਤ ਡਰੇਨੇਜ ਵਿਭਾਗ ਨੇ ਵੀ ਹੜ੍ਹ ਰੋਕਥਾਮ ਦੀਆਂ ਸਾਰੀਆਂ ਤਿਆਰੀਆਂ ਪੂਰੀਆਂ ਕਰ ਲਈਆਂ ਹਨ। ਉਨ੍ਹਾਂ ਕਿਹਾ ਕਿ ਬੜੀ ਨਦੀ ਦੀ ਸਫਾਈ ਅਤੇ ਇਸਦੇ ਬੰਨ੍ਹਾਂ ਨੂੰ ਮਜ਼ਬੂਤ ਕਰਕੇ, ਇਸਦੀ ਪਾਣੀ ਦੀ ਸੰਭਾਲ ਦੀ ਸਮਰੱਥਾ ਵਧਾਈ ਗਈ ਏ ।   ਸਿਹਤ ਵਿਭਾਗ ਡੇਂਗੂ, ਚਿਕਨਗੁਨੀਆ, ਦਸਤ, ਹੈਪੇਟਾਈਟਸ ਵਰਗੀਆਂ ਮੀਹਂ ਦੇ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਕੀਤੇ ਗਏ ਉਪਾਵਾਂ ਬਾਰੇ ਜਾਣਕਾਰੀ ਦਿੰਦੇ ਹੋਏ ਡਾ. ਬਲਬੀਰ ਸਿੰਘ ਨੇ ਕਿਹਾ ।

BYTE

ਸਿਹਤ ਵਿਭਾਗ ਜਿਸ ਵਿੱਚ ਡਰੇਨੇਜ, ਜਲ ਸਪਲਾਈ, ਸਥਾਨਕ ਸਰਕਾਰਾਂ, ਪੰਚਾਇਤ, ਸਿੱਖਿਆ, ਸਮਾਜਿਕ ਸੇਵਾ ਸੰਗਠਨਾਂ ਅਤੇ ਹੋਰ ਸਬੰਧਤ ਵਿਭਾਗਾਂ ਵਿਚਕਾਰ ਆਪਸੀ ਤਾਲਮੇਲ ਕੀਤਾ ਗਿਆ ਏ । ਸੰਭਾਵੀ ਹੜ੍ਹਾਂ ਦੌਰਾਨ ਹੋਣ ਵਾਲੀਆਂ ਬਿਮਾਰੀਆਂ ਨੂੰ ਰੋਕਣ ਲਈ 85 ਦਵਾਈਆਂ ਦੀ ਸੂਚੀ ਤਿਆਰ ਕੀਤੀ ਗਈ ਏ ਅਤੇ ਸਾਰੇ ਹਸਪਤਾਲਾਂ ਨੂੰ ਵੰਡ ਦਿੱਤੀ ਗਈ ਏ ।

----------------------------------------------------------------

ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਮੋਹਾਲੀ ਸਥਿਤ ਅੰਬੇਡਕਰ ਇੰਸਟੀਚਿਊਟ ਆਫ ਕਰੀਅਰਜ਼ ਐਂਡ ਕੋਰਸਿਜ਼ ਵਿਖੇ ਆਯੋਜਿਤ ਸਮਾਗਮ ਦੌਰਾਨ ਵਿਦਿਆਰਥੀਆਂ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਹੁਨਰ ਵਿਕਾਸ ਅਤੇ ਸਵੈ-ਨਿਰਭਰਤਾ ਵੱਲ ਅੱਗੇ ਵੱਧਣ ਲਈ ਪ੍ਰੇਰਿਤ ਕੀਤਾ। ਮੰਤਰੀ ਨੇ ਕਿਹਾ ਕਿ ਇੰਸਟੀਚਿਊਟ ਦੀ ਇਮਾਰਤ ਦੇ ਵਿਕਾਸ ਅਤੇ ਬੁਨਿਆਦੀ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਲਈ ਸਰਕਾਰ ਵੱਲੋਂ 1 ਕਰੋੜ 35 ਲੱਖ ਰੁਪਏ ਖਰਚ ਕੀਤੇ ਗਏ ਹਨ ਤਾਂ ਜੋ ਵਿਦਿਆਰਥੀਆਂ ਨੂੰ ਵਧੀਆ ਸਿੱਖਣ ਦਾ ਮਾਹੌਲ ਮਿਲ ਸਕੇ। ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਸੰਸਥਾਨ ਵਿਖੇ

ਬੈਂਕ ਪੀ.ਓ., ਏ.ਏ.ਓ., ਪੰਜਾਬੀ ਅਤੇ ਅੰਗਰੇਜ਼ੀ ਸਟੈਨੋਗ੍ਰਾਫੀ ਅਤੇ ਹੋਰ ਮੁਕਾਬਲੇ ਵਾਲਿਆਂ ਪ੍ਰੀਖਿਆਵਾਂ ਲਈ ਮੁਫ਼ਤ ਕੋਚਿੰਗ ਦੀ ਸਹੂਲਤ ਉਪਲਬਧ ਕਰਵਾਈ ਜਾ ਰਹੀ ਏ । ਮੰਤਰੀ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਅਤੇ ਸਿਖਲਾਈ ਪ੍ਰੋਗਰਾਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਆਪਣੇ ਸੁਨਹਿਰੇ ਭਵਿੱਖ ਦੀ ਮਜ਼ਬੂਤ ਬੁਨਿਆਦ ਰੱਖਣ। ਇਸ ਮੌਕੇ ਉਨ੍ਹਾਂ ਸਫ਼ਲਤਾਪੂਰਵਕ ਕੋਰਸ ਪੂਰਾ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੀ ਵੰਡੇ।

---------------------------------------------------------

ਐਸ.ਏ.ਐਸ. ਨਗਰ ਸਥਿਤ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ  ਦੇ 25 ਕੈਡਿਟਾਂ ਦੀ ਪਿਛਲੇ ਤਿੰਨ ਮਹੀਨਿਆਂ ਵਿੱਚ ਰੱਖਿਆ ਸੇਵਾਵਾਂ ਦੀਆਂ ਵੱਖ-ਵੱਖ ਅੰਡਰ-ਗਰੈਜੂਏਟ ਅਤੇ ਪ੍ਰੀ-ਕਮਿਸ਼ਨਿੰਗ ਸਿਖਲਾਈ ਅਕੈਡਮੀਆਂ ਵਿੱਚ ਚੋਣ ਹੋਈ ਏ । ਇਨ੍ਹਾਂ ਕੈਡਿਟਾਂ ਨੇ ਭਾਰਤੀ ਰੱਖਿਆ ਅਕਾਦਮੀ ਸਮੇਤ ਦੇਸ਼ ਦੀਆਂ ਪ੍ਰਮੁੱਖ ਰੱਖਿਆ ਸੰਸਥਾਵਾਂ ਵਿੱਚ ਦਾਖਲਾ ਪ੍ਰਾਪਤ ਕੀਤਾ ਏ । ਸੰਸਥਾ ਦੇ 16 ਕੈਡਿਟ ਅੰਡਰ ਗਰੈਜੂਏਟ ਸਿਖਲਾਈ ਲਈ ਐਨਡੀਏ -156 ਕੋਰਸ ਵਿੱਚ ਸ਼ਾਮਲ ਹੋਏ ਹਨ। ਚੁਣੇ ਗਏ ਕੈਡਿਟ, ਮੋਹਾਲੀ, ਮਲੇਰਕੋਟਲਾ,

ਗੁਰਦਾਸਪੁਰ ,ਬਠਿੰਡਾ , ਅੰਮ੍ਰਿਤਸਰ ,ਪਠਾਨਕੋਟ,ਬਰਨਾਲਾ, ਫਰੀਦਕੋਟ ,ਰੂਪਨਗਰ ,ਪਟਿਆਲਾ ਅਤੇ ਹੁਸ਼ਿਆਰਪੁਰ ਜ਼ਿਲਿਆਂ ਦੇ ਨੇ ।

---------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸ਼ਹਿਰ ਵਿੱਚ ਗੈਰ-ਕਾਨੂੰਨੀ ਤਰੀਕੇ ਨਾਲ ਚੱਲ ਰਹੇ ਇੱਕ ਨਸ਼ਾ ਛੁਡਾਊ ਕੇਂਦਰ ਦਾ ਪਰਦਾਫਾਸ਼ ਕੀਤਾ ਏ। ਏ.ਡੀ.ਸੀ.ਪੀ ਵਿਸ਼ਾਲਜੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਗੁਪਤ ਸੂਚਨਾ ਦੇ ਆਧਾਰ 'ਤੇ ਪੁਲਿਸ ਅਤੇ ਸਿਹਤ ਵਿਭਾਗ ਦੀ ਟੀਮ ਨੇ ਛਾਪਾ ਮਾਰ ਕੇ 43 ਵਿਅਕਤੀਆਂ ਨੂੰ ਬਚਾਇਆ ਏ , ਜਿਨ੍ਹਾਂ ਨੂੰ ਗੈਰ-ਕਾਨੂੰਨੀ ਤਰੀਕੇ ਨਾਲ ਕੇਂਦਰ ਵਿੱਚ ਰੱਖਿਆ ਗਿਆ ਸੀ। ਇਸ ਮਾਮਲੇ ਵਿੱਚ ਮੁੱਖ ਸੰਚਾਲਕ ਕੁਲਦੀਪ ਕੁਮਾਰ ਉਰਫ਼ ਚੌਹਾਨ ਅਤੇ ਉਸ ਦੇ ਪੁੱਤਰ ਸਮੇਤ ਕੁੱਲ 6 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ। ਅਗਲੇਰੀ ਕਾਰਵਾਈ ਕੀਤੀ ਜਾ ਰਹੀ ਏ।

---------------------------------------------------------

ਸੁਲਤਾਨਪੁਰ ਲੋਧੀ ਦੀ ਪਵਿੱਤਰ ਕਾਲੀ ਵੇਈਂ ਦੀ ਕਾਰ ਸੇਵਾ ਦੇ 25 ਵਰ੍ਹੇ ਪੂਰੇ ਹੋਣ 'ਤੇ 26ਵੀ ਵਰ੍ਹੇਗੰਢ ਦਾ ਆਜੋਯਨ ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਵਿਖੇ ਕੀਤਾ ਗਿਆ। ਵੇਈਂ ਦੀ ਕਾਰ ਸੇਵਾ 2000

ਸੰਨ ਵਿੱਚ ਸੰਤ ਬਲਬੀਰ ਸਿੰਘ ਸੀਚੇਵਾਲ ਜੀ ਦੀ ਅਗਵਾਈ ਵਿੱਚ ਕੀਤੀ ਗਈ ਸੀ ਤੇ ਇਸ ਦੀ ਕਾਰ ਸੇਵਾ ਤੋ ਬਾਅਦ ਇਸ ਦੀ ਸੁੰਦਰਤਾ ਨੇ ਵੇਈਂ ਨੂੰ ਵਿਸ਼ਵ ਪੱਧਰ ਤੇ ਉਭਾਰਿਆ ਸੀ ਤੇ ਸੰਤ ਸੀਚੇਵਾਲ ਨੂੰ ਪਾਣੀਆਂ ਦੇ ਰਾਖੇ ਮੰਨਿਆ ਜਾਣ ਲੱਗਿਆ। ਅੱਜ ਸਮਾਗਮ ਵਿੱਚ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾ ਤੇ ਕੈਬਨਿਟ ਮੰਤਰੀ ਰਵਜੋਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕੀਤੀ। ਸਪੀਕਰ ਨੇ ਕਿਹਾ ਸੰਤ ਸੀਚੇਵਾਲ ਵਲੋਂ ਇਹ ਸਮਾਜ ਲਈ ਵੱਡੀ ਦੇਣ ਏ ।

---------------------------------------------------------

ਮਰਦਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਇੰਗਲੈਂਡ ਵਿਚਕਾਰ ਤਿੰਨ ਇੱਕ ਰੋਜ਼ਾ ਅੰਤਰ-ਰਾਸ਼ਟਰੀ ਮੈਚਾਂ ਦੀ ਲੜੀ ਦਾ ਦੂਜਾ ਮੈਚ ਅੱਜ ਕਾਰਡਿਫ ਦੇ ਸੋਫੀਆ ਗਾਰਡਨਜ਼ ਵਿਖੇ ਖੇਡਿਆ ਜਾ ਰਿਹਾ ਏ । ਇੰਗਲੈਂਡ ਨੇ ਟਾਸ ਜਿੱਤ ਕੇ ਪਹਿਲਾਂ ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ ਏ । ਆਖਰੀ ਖਬਰਾਂ ਲਿਖੇ ਜਾਣ ਤਕ ਭਾਰਤ ਨੇ 12 ਓਵਰਾਂ ਵਿਚ 1 ਵਿਕਟ ਦੇ ਨੁਕਸਾਨ ਤੇ 73 ਦੌੜਾਂ ਬਣਾ ਲਈਆਂ ਸਨ । ਇਸ ਤੋਂ ਪਹਿਲਾਂ, ਭਾਰਤ ਨੇ ਬਰਮਿੰਘਮ ਵਿੱਚ ਖੇਡੇ ਗਏ ਪਹਿਲੇ ਇੱਕ ਰੋਜ਼ਾ ਮੈਚ ਵਿੱਚ, ਮੇਜ਼ਬਾਨ

ਇੰਗਲੈਂਡ ਨੂੰ 6 ਵਿਕਟਾਂ ਨਾਲ ਹਰਾਇਆ ਸੀ। ਲੜੀ ਦਾ ਤੀਜਾ ਮੈਚ, ਐਤਵਾਰ ਨੂੰ ਲੰਡਨ ਦੇ ਲਾਰਡਸ ਵਿਖੇ ਖੇਡਿਆ ਜਾਵੇਗਾ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ, 22 ਹਜ਼ਾਰ 640 ਕਰੋੜ ਰੁਪਏ ਦੇ ਵੱਖ-ਵੱਖ ਪ੍ਰੋਜੈਕਟ, ਰਾਸ਼ਟਰ ਨੂੰ ਸਮਰਪਿਤ ਕਰਨਗੇ ਤੇ ਨੀਂਹ ਪੱਥਰ ਰਖਣਗੇ।

- ਪ੍ਰਧਾਨ ਮੰਤਰੀ ਦੀ ਸੁਰੱਖਿਆ ਦੇ ਮੱਦੇਨਜ਼ਰ ਕੱਲ ਨੂੰ ਜ਼ਿਲ੍ਹਾ ਜਲੰਧਰ ਵਿਖੇ 'ਨੋ ਫਲਾਇੰਗ ਜ਼ੋਨ' ਐਲਾਨਿਆ।

- ਰਾਸ਼ਟਰੀ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਵਿਜਯਾ ਕਿਸ਼ੋਰ ਰਹਾਟਕਰ ਵਲੋਂ ਅੱਜ ਬਠਿੰਡਾ ਵਿਖੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ-ਮਹਿਲਾਵਾਂ ਨਾਲ ਸੰਬੰਧਿਤ ਮਾਮਲਿਆਂ ਬਾਰੇ ਦਿਤੇ ਨਿਰਦੇਸ਼।

- ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ -ਮਾਨਸੂਨ ਦੇ ਮੱਦੇਨਜ਼ਰ ਸਰਕਾਰ ਤੇ ਪ੍ਰਸ਼ਾਸਨ ਪੂਰੀ ਤਰ੍ਹਾਂ ਸੁਚੇਤ-ਹੜ੍ਹ ਰੋਕਥਾਮ ਦੇ ਸਾਰੇ ਜ਼ਰੂਰੀ ਪ੍ਰਬੰਧ ਮੁਕੰਮਲ ਹੋਏ।

- ਮਹਾਰਾਜਾ ਰਣਜੀਤ ਸਿੰਘ ਪ੍ਰੈਪਰੇਟਰੀ ਇੰਸਟੀਚਿਊਟ ਮੋਹਾਲੀ ਦੇ 25 ਕੈਡਿਟ, ਪਿਛਲੇ ਤਿੰਨ ਮਹੀਨਿਆਂ ਵਿੱਚ ਰੱਖਿਆ ਸਿਖਲਾਈ ਅਕਾਦਮੀਆਂ ਵਿੱਚ ਚੁਣੇ ਗਏ। ਅਤੇ

- ਭਾਰਤ ਅਤੇ ਇੰਗਲੈਂਡ ਵਿਚਕਾਰ ਤਿੰਨ ਇੱਕ ਰੋਜ਼ਾ ਅੰਤਰ-ਰਾਸ਼ਟਰੀ ਮੈਚਾਂ ਦੀ ਲੜੀ ਦਾ ਦੂਜਾ ਮੈਚ ਅੱਜ ਕਾਰਡਿਫ ਦੇ ਸੋਫੀਆ ਗਾਰਡਨਜ਼ ਵਿਖੇ ਖੇਡਿਆ ਜਾ ਰਿਹਾ ਏ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ**

**ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**